# ਸੋਮਵਾਰ 7 ਅਕਤੂਬਰ 2019 ਤੋਂ ਐਤਵਾਰ 13 ਅਕਤੂਬਰ 2019 ਤੱਕ

**9.10.19 ਮੰਗਲਵਾਰ:-** ਪ੍ਰਕਾਸ਼ ਸ੍ਰੀ ਗੁਰੁ ਰਾਮਦਾਸ ਜੀ, ਸ਼ਹੀਦੀ ਭਾਈ ਜਿੰਦਾ ਤੇ ਸੁੱਖਾ ।
**9.10.19 ਬੁੱਧਵਾਰ: -** 4.30 ਵਜ਼ੇ: - ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ।

**ਦੇਗਾਂ ਦੀਆਂ ਸੇਵਾਵਾਂ: -** ਸ੍ਰ: ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

10.10.19 ਵੀਰਵਾਰ: - 6.00 ਵੱਜ਼ੇ: - ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

11.10.19 ਸ਼ੁਕਰਵਾਰ: - 10.00 ਵਜ਼ੇ: - ਸਾਧ ਸੰਗਤ ਵੱਲੋਂ ਸ੍ਰੀ ਗੁਰੁ ਰਾਮਦਾਸ ਜੀ ਦੇ ਪ੍ਰਕਾਸ਼ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।

**ਦੇਗਾਂ ਦੀਆਂ ਸੇਵਾਵਾਂ: -** ਸ: ਸੁਰਜੀਤ ਸਿੰਘ ਸੇਖੋਂ, ਸ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ: ਗੁਰਦੇਵ ਸਿੰਘ ਔਲਖ ਸ: ਛਿੰਦਾ ਸਿੰਘ ਥਾਂਦੀ, ਸ: ਹਰਬੰਸ ਸਿੰਘ ਨਿੱਝਰ, ਸ: ਇੰਦਰਜੀਤ ਸਿੰਘ ਬੀਬੀ ਪ੍ਰਮਜੀਤ ਕੌਰ ਤੇ ਸਵ: ਸ: ਨਿਰਮਲ ਸਿੰਘ ਪੁਰੇਵਾਲ, ਸ ਬਲਵਿੰਦਰ ਸਿੰਘ ਜੌਹਲ ਤੇ ਬੀਬੀ ਮਲਵਿੰਦਰ ਕੌਰ ਸੇਖੋਂ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

12.10.19 ਸ਼ਨਿਚਰਵਾਰ: - 2.00 ਵੱਜੇ: - ਬੀਬੀ ਜਸਵੀਰ ਕੌਰ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

4.00 ਵਜ਼ੇ: - ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

13.10.19 ਐਤਵਾਰ: - **8.30 ਵਜ਼ੇ: -** ਸਾਧ ਸੰਗਤ ਵਲੋਂ ਸ੍ਰੀ ਗੁਰੁ ਰਾਮਦਾਸ ਜੀ ਦੇ ਪ੍ਰਕਾਸ਼ ਦੇ ਸਬੰਧ ਵਿੱਚ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 8.30 ਵਜ਼ੇ ਪੈਣਗੇ ਉਪਰੰਤ 8.30 ਵਜੇ ਸ: ਸੰਤੋਖ ਸਿੰਘ ਸੰਧੂ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਮਾਨਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ,

- 15 ਅਕਤੂਬਰ ਸੰਗ੍ਰਾਂਦ ਕੱਤਕ ਦੀ
- 20 ਅਕਤੂਬਰ ਐਤਵਾਰ ਅਨੰਦ ਕਾਰਜ਼ ਹੈ
- 20 ਅਕਤੂਬਰ ਸ ਵੀਰਿੰਦਰ ਸਿੰਘ ਜਖਮੀ ਹਾਜਰੀ ਕਰਨਗੇ ।
- 20 ਅਕਤੂਬਰ ਜੋਤੀ ਜੋਤ ਸ੍ਰੀ ਗੁਰੁ ਹਰਿਰਾਏ ਜੀ
- 20 ਅਕਤੂਬਰ ਗੁਰਗੱਦੀ ਸ੍ਰੀ ਗੁਰੁ ਹਰਿਕ੍ਰਿਸ਼ਨ ਸਾਹਿਬ ਜੀ
- 20 ਅਕਤੂਬਰ ਗੁਰਗੱਦੀ ਸ੍ਰੀ ਗੁਰੁ ਗ੍ਰੰਥ ਸਾਹਿਬ ਜੀ
- 21 ਅਕਤੂਬਰ ਜੋਤੀ ਜੋਤ ਸ੍ਰੀ ਗੁਰੁ ਗੋਬਿੰਦ ਸਿੰਘ ਜੀ
- 27 ਅਕਤੂਬਰ ਬੰਦੀ ਛੋੜਦਿਵਸ (ਦਿਵਾਲੀ)
- 29 ਅਕਤੂਬਰ ਜਨਮ ਦਿਨ ਭਗਤ ਨਾਮ ਦੇਵ ਜੀ
- 31 ਅਕਤੂਬਰ ਸ਼ਹੀਦੀ ਭਾਈ ਬੇਅੰਤ ਸਿੰਘ ਜੀ
- **01** ਨਵੰਬਰ ਅਨੰਦ ਕਾਰਜ
- **02** ਨਵੰਬਰ ਛਨਿਚਰਵਾਰ ਅਨੰਦ ਕਾਰਜ

**PTO**

- # ਧੰਨ ਧੰਨ ਗੁਰੂ ਰਾਮਦਾਸ ਜੀ



- **ਕੰਵਲਜੀਤ ਕੌਰ ਢਿੱਲੋਂ**

- ਪਵਿੱਤਰ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਜੋ ਕਿ ਪਹਿਲਾਂ ਰਾਮਦਾਸਪੁਰ ਅਤੇ ਉਸ ਤੋਂ ਪਹਿਲਾਂ ਗੁਰੂ ਕਾ ਚੱਕ ਨਾਂ ਨਾਲ ਜਾਣੀ ਜਾਂਦੀ ਸੀ। ਅੰਮ੍ਰਿਤਸਾਰ ਦੇ ਸੰਸਥਾਪਕ ਸਿੱਖਾਂ ਦੇ ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਹਨ। ਗੁਰੂ ਰਾਮਦਾਸ ਜੀ ਦਾ ਸਾਦਗੀ ਭਰਪੂਰ ਜੀਵਨ ਅਤੇ ਉਨ੍ਹਾਂ ਦੁਆਰਾ ਰਚਿਤ ਬਾਣੀ ਅੱਜ ਵੀ ਸਾਨੂੰ ਜਿੱਥੇ ਚੰਗੀ ਜੀਵਨ ਜਾਚ ਸਿਖਾਉਂਦੀ ਹੈ, ਉੱਥੇ ਹੀ ਸਾਡਾ ਮਾਰਗਦਰਸ਼ਨ ਵੀ ਕਰਦੀ ਹੈ। ਸ੍ਰੀ ਗੁਰੂ ਰਾਮਦਾਸ ਜੀ ਦਾ ਜਨਮ ਇਤਿਹਾਸ ਅਨੁਸਾਰ 29 ਸਤੰਬਰ 1534 ਈਸਵੀ ਨੂੰ ਪਿਤਾ ਹਰੀਦਾਸ ਜੀ ਦੇ ਗ੍ਰਹਿ ਵਿਖੇ ਮਾਤਾ ਦਯਾ ਜੀ ਦੀ ਕੁੱਖੋਂ ਚੂਨਾ ਮੰਡੀ ਲਾਹੌਰ ਵਿਖੇ ਹੋਇਆ। ਆਪ ਦਾ ਬਚਪਨ ਦਾ ਨਾਮ ਭਾਈ ਜੇਠਾ ਸੀ। ਬਚਪਨ ਵਿੱਚ ਹੀ ਆਪ ਦੇ ਮਾਤਾ-ਪਿਤਾ ਅਕਾਲ ਚਲਾਣਾ ਕਰ ਗਏ। ਆਪ ਨੇ ਆਪਣਾ ਬਚਪਨ ਨਾਨਕੇ ਘਰ ਪਿੰਡ ਬਾਸਰਕੇ ਗਿੱਲਾਂ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਬਤੀਤ ਕੀਤਾ। ਘਰ ਵਿੱਚ ਗ਼ਰੀਬੀ ਹੋਣ ਕਾਰਨ ਆਪ ਨੂੰ ਜੀਵਨ ਨਿਰਵਾਹ ਲਈ ਘੁੰਗਣੀਆਂ ਵੇਚਣੀਆਂ ਪਈਆ। ਇਸ ਪ੍ਰਕਾਰ ਆਪ ਬਚਪਨ ਤੋਂ ਹੀ ਹੱਥੀਂ ਕਿਰਤ ਕਰਨ ਲੱਗ ਪਏ ਸੀ। ਮਨ ਵਿੱਚ ਗੁਰੂ ਅਮਰਦਾਸ ਜੀ ਨੂੰ ਮਿਲਣ ਦੀ ਤਾਂਘ ਲੈ ਆਪ ਗੋਇੰਦਵਾਲ ਸਾਹਿਬ ਪਹੁੰਚ ਗਏ। ਉੱਥੇ ਆਪ ਦਿਨ ਰਾਤ ਕੀਰਤਨ ਸੁਣਦੇ ਅਤੇ ਗੁਰੂ ਘਰ ਦੀ ਸੇਵਾ ਕਰਦੇ। ਇੱਥੇ ਵੀ ਆਪ ਨੇ ਆਪਣਾ ਜੀਵਨ ਨਿਰਵਾਹ ਘੁੰਗਣੀਆਂ ਵੇਚ ਕੇ ਹੀ ਕੀਤਾ। ਅਮਰਦਾਸ ਜੀ ਨੇ ਭਾਈ ਜੇਠਾ ਜੀ ਦੀ ਕਿਰਤ ਕਰਨ ਦੀ ਲਗਨ ਅਤੇ ਗੁਰੂ ਘਰ ਨਾਲ ਸ਼ਰਧਾ ਨੂੰ ਵੇਖਦਿਆਂ ਹੋਇਆਂ ਆਪਣੀ ਸਪੁੱਤਰੀ ਬੀਬੀ ਭਾਨੀ ਜੀ ਦਾ ਵਿਆਹ ਭਾਈ ਜੇਠਾ ਹੀ ਨਾਲ ਕਰ ਦਿੱਤਾ। ਗੁਰੂ ਅਮਰਦਾਸ ਜੀ ਨੇ ਭਾਈ ਜੇਠਾ ਦਾ ਨਾਮ ਬਦਲ ਕੇ ਰਾਮਦਾਸ ਰੱਖ ਦਿੱਤਾ। ਗੁਰੂ ਅਮਰਦਾਸ ਜੀ ਨੇ ਗੁਰਿਆਈ ਦੇਣ ਲਈ ਭਾਈ ਰਾਮਾ ਅਤੇ ਭਾਈ ਜੇਠਾ (ਰਾਮਦਾਸ) ਜੀ ਦੀ ਪ੍ਰੀਖਿਆ ਲਈ। ਗੁਰੂ ਜੀ ਨੇ ਦੋਵਾਂ ਨੂੰ ਹੀ ਥੜ੍ਹਾ ਬਣਾਉਣ ਲਈ ਕਿਹਾ। ਗੁਰੂ ਅਮਰਦਾਸ ਜੀ ਕੋਈ ਨਾ ਕੋਈ ਕਮੀ ਕੱਢ ਕੇ ਥੜ੍ਹਾ ਢੁਆ ਦਿੰਦੇ ਰਹੇ। ਅਜਿਹਾ ਦੇਖ ਭਾਈ ਰਾਮਾ ਜੀ ਦਾ ਸਿਦਕ ਡੋਲ ਗਿਆ ਪਰ ਭਾਈ ਜੇਠਾ ਜੀ ਹਰ ਵਾਰੀ 'ਸਤਿ ਬਚਨ' ਕਹਿ ਦੁਬਾਰਾ ਥੜ੍ਹਾ ਬਣਾਉਣ ਲੱਗ ਪੈਂਦੇ। ਇਸ ਪ੍ਰਕਾਰ ਗੁਰੂ ਅਮਰਦਾਸ ਜੀ ਦੀ ਗੁਰਿਆਈ ਲਈ ਯੋਗ ਵਿਅਕਤੀ ਦੀ ਭਾਲ ਖ਼ਤਮ ਹੋ ਗਈ। ਸਤੰਬਰ 1574 ਈਸਵੀ ਨੂੰ ਗੁਰੂ ਅਮਰਦਾਸ ਜੀ ਨੇ ਗੁਰੂ ਰਾਮਦਾਸ ਜੀ ਨੂੰ ਗੁਰਗੱਦੀ ਸੌਂਪ ਦਿੱਤੀ।
ਗੁਰੂ ਅਮਰਦਾਸ ਜੀ ਦੇ ਕਹੇ ਅਨੁਸਾਰ ਆਪ ਨੇ ਗੁਰੂ ਕਾ ਚੱਕ (ਰਾਮਦਾਸਪੁਰ) ਦੀ ਨੀਂਹ 1574 ਈਸਵੀ ਵਿੱਚ ਰੱਖੀ। ਗੁਰੂ ਘਰ ਦੀ ਇਮਾਰਤ ਬਣਾਉਣ, ਧਰਮਸ਼ਾਲਾ ਅਤੇ ਸਰੋਵਰ ਦੀ ਉਸਾਰੀ ਲਈ ਬਹੁਤ ਧੰਨ ਦੀ ਜ਼ਰੂਰਤ ਸੀ। ਇਸ ਲਈ ਗੁਰੂ ਜੀ ਨੇ ਮਸੰਦ ਪ੍ਰਥਾ ਸ਼ੁਰੂ ਕੀਤੀ, ਇਸ ਪ੍ਰਥਾ ਦੇ ਅਧੀਨ ਸੰਗਤਾਂ ਨੂੰ ਗੁਰੂ ਘਰ ਵਿੱਚ ਹੋਣ ਵਾਲੇ ਕਾਰਜਾਂ ਤੋਂ ਜਾਣੂ ਕਰਵਾਇਆ ਜਾਂਦਾ ਸੀ ਅਤੇ ਉਨ੍ਹਾਂ ਵੱਲੋਂ ਭੇਟ ਕੀਤੀ ਗਈ ਮਾਇਆ ਨੂੰ ਸ੍ਰੀ ਦਰਬਾਰ ਸਾਹਿਬ ਵਿੱਚ ਜਮ੍ਹਾਂ ਕਰਵਾ ਦਿੱਤਾ ਜਾਂਦਾ। ਆਪ ਦੇ ਗ੍ਰਹਿ ਵਿਖੇ ਤਿੰਨ ਪੁਤਰਾਂ ਪ੍ਰਿਥੀ ਚੰਦ, ਮਹਾਂਦੇਵ ਅਤੇ ਅਰਜਨ ਦੇਵ ਦਾ ਜਨਮ ਹੋਇਆ। ਗੁਰੂ ਘਰ ਪ੍ਰਤੀ ਸੱਚੀ ਲਗਨ ਅਤੇ ਨਿਸ਼ਟਾ ਨੂੰ ਵੇਖਦਿਆਂ ਹੋਇਆ ਆਪ ਨੇ ਅਰਜਨ ਦੇਵ ਜੀ ਨੂੰ ਇੱਕ ਸਤੰਬਰ 1581 ਨੂੰ ਗੁਰਿਆਈ ਬਖ਼ਸ਼ ਦਿੱਤੀ ਅਤੇ ਇਸੇ ਦਿਨ ਹੀ ਆਪ ਜੋਤਿ-ਜੋਤ ਸਮਾਂ ਗਏ।
ਗੁਰੂ ਜੀ ਦੀ ਰਚਿਤ ਬਾਣੀ ਵਿੱਚ ਸ਼ਬਦ, ਸਲੋਕ, ਘੋੜੀਆਂ, ਲਾਵਾਂ, ਕਰਹਲੇ ਅਤੇ ਵਾਰਾਂ ਸ਼ਾਮਿਲ ਹਨ। ਗੁਰੂ ਜੀ ਦੀ ਬਾਣੀ ਵਾਹਿਗੁਰੂ ਦਾ ਨਾਮ ਸਿਮਰਨ ਕਰਨ, ਚੰਗੇ ਕਰਮ ਕਰਨ, ਹਉਮੈ-ਹੰਕਾਰ ਨੂੰ ਤਿਆਗਣ ਦਾ ਸੰਦੇਸ਼ ਦਿੰਦੀ ਹੈ। ਆਪ ਜੀ ਦਾ ਜਨਮ ਦਿਹਾੜਾ ਸਭ ਸੰਗਤਾਂ ਵੱਲੋਂ ਮਿਤੀ 29 ਅਕਤੂਬਰ ਨੂੰ ਮਨਾਇਆ ਜਾ ਰਿਹਾ ਹੈ।


- **ਮੋਬਾਈਲ**: 94787-93231